# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ: 19 ਦਾ ਦੌਰਾ ਕਰਕੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

ਹੁਸ਼ਿਆਰਪੁਰ 18 ਮਈ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 19 ਦੇ ਕੌਂਸਲਰ ਮਨਜੀਤ ਸਿੰਘ ਰਾਏ ਨੂੰ ਨਾਲ ਲੈ ਕੇ ਉਹਨਾਂ ਦੇ ਵਾਰਡ ਦਾ ਦੌਰਾ ਕੀਤਾ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੌਂਸਲਰ ਰਮੇਸ਼ ਕੁਮਾਰ ਠਾਕੁਰ, ਅਸ਼ੋਕ ਕੁਮਾਰ, ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਵਾਰਡ ਦੇ ਕੌਂਸਲਰ ਮਨਜੀਤ ਰਾਏ ਨੂੰ ਇਸ ਮੌਕੇ ਤੇ ਵਾਰਡ ਵਿਚੋਂ ਲੰਘਦੇ ਗੰਦੇ ਨਾਲੇ ਦੀ ਸਫਾਈ ਅਤੇ ਰਹਿੰਦੀਆਂ ਗਲੀਆਂ ਨੂੰ ਪੱਕਾ ਕਰਨ ਸਬੰਧੀ ਕਿਹਾ। ਮੇਅਰ ਸ਼ਿਵ ਸੂਦ ਨੇ ਭਰੋਸਾ ਦੁਆਇਆ ਕਿ ਉਹਨਾਂ ਦੇ ਵਾਰਡ ਦੀਆਂ ਸਾਰੀਆਂ ਮੁਸ਼ਕਿਲਾਂ ਦੇ ਹੱਲ ਪਹਿਲੇ ਦੇ ਅਧਾਰ ਤੇ ਕੀਤਾ ਜਾਵੇਗਾ। ਇਸ ਮੌਕੇ ਤੇ ਉਹਨਾਂ ਨੇ ਸਾਰੇ ਵਾਰਡ ਦਾ ਦੌਰਾ ਕੀਤਾ ਅਤੇ ਮੁਹੱਲਾ ਵਾਸੀਆਂ ਨਾਲ ਕੀਤੇ ਜਾ ਰਿਹੇ ਵਿਕਾਸ ਕਾਰਜਾਂ ਸਬੰਧੀ ਗੱਲ-ਬਾਤ ਕੀਤੀ।